# Activity Report

## LEGAL AWARENESS & HUMAN RIGHTS CELL



# 2021-22

**<u>Activity – 1: A Guest Lecture on Human Rights; India and the World</u>**

**<u>Description:</u>**

Equal Opportunity, legal awareness & human rights cell conducted a guest lecture by Advocate Harnoor Singh Sidhu and Dr. Baljeet Singh Sidhu under the topic - Human Rights; India and the World on 13 April 2022. Students from various departments took part in the lecture along with the faculty members of the cell.



## ਗੁਰੂ ਨਾਨਕ ਕਾਲਜ ਬੁਢਲਾਡਾ ਦੇ ਲੀਗਲ ਅਵੇਅਰਨੈੱਸ ਐਂਡ ਹਿਊਮਨ ਰਾਈਟਸ ਸੈੱਲ ਵੱਲੋਂ ਲੈਕਚਰ ਕਰਵਾਇਆ

### ਮੁੱਖ ਮਹਿਮਾਨ ਡਾ. ਬਲਜੀਤ ਸਿੰਘ ਸਿੱਧੂ ਨੇ ਵਿਦਿਆਰਥੀਆਂ ਨਾਲ ਆਪਣੀ ਜ਼ਿੰਦਗੀ ਦੇ ਤਜ਼ਰਬੇ ਸਾਂਝੇ ਕੀਤੇ

ਸਟਾਰ ਫੋਕਸ ਨਿਊਜ਼ ਪੰਜਾਬੀ FOX NEWS

ਬੁਢਲਾਡਾ,
(ਗੁਰਵਿੰਦਰ ਸਿੰਘ ਚਹਿਲ)

ਗੁਰੂ ਨਾਨਕ ਕਾਲਜ ਬੁਢਲਾਡਾ ਦੇ ਲੀਗਲ ਅਵੇਅਰਨੈੱਸ ਐਂਡ ਹਿਊਮਨ ਰਾਈਟਸ ਸੈੱਲ ਵੱਲੋਂ ਮਨੁੱਖੀ ਅਧਿਕਾਰ: ਭਾਰਤ ਅਤੇ ਵਿਸ਼ਵ ਵਿਸ਼ੇ ਉਪਰ ਲੈਕਚਰ ਦਾ ਆਯੋਜਨ ਕਰਵਾਇਆ ਗਿਆ ਜਿਸ ਵਿਚ ਹਰਨੂਰ ਸਿੰਘ ਸਿੱਧੂ, ਐਡਵੋਕੇਟ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਮੁੱਖ ਵਕਤਾ ਦੇ

**ਐਡਵੋਕੇਟ ਹਰਨੂਰ ਸਿੰਘ ਸਿੱਧੂ ਨੇ ਮਨੁੱਖੀ ਅਧਿਕਾਰਾਂ ਦੇ ਪੁਰਾਤਨ ਇਤਿਹਾਸ ਬਾਰੇ ਪਾਇਆ ਚਾਨਣਾ**

ਤੌਰ 'ਤੇ ਅਤੇ ਡਾ. ਬਲਜੀਤ ਸਿੰਘ ਸਿੱਧੂ,ਸਾਬਕਾ ਕੰਟਰੋਲਰ ਪ੍ਰੀਖਿਆਵਾਂ, ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ।ਕਾਲਜ ਪ੍ਰਿੰਸੀਪਲ ਡਾ. ਕੁਲਦੀਪ ਸਿੰਘ ਬੱਲ ਵੱਲੋਂ ਆਏ ਮਹਿਮਾਨਾਂ ਦਾ ਸਵਾਗਤ ਕੀਤਾ। ਐਡਵੋਕੇਟ ਹਰਨੂਰ ਸਿੰਘ ਸਿੱਧੂ ਨੇ ਮਨੁੱਖੀ ਅਧਿਕਾਰਾਂ ਦੇ ਪੁਰਾਤਨ ਇਤਿਹਾਸ ਬਾਰੇ ਵਿਸਥਾਰ-ਪੂਰਵਕ ਚਾਨਣਾ ਪਾਉਂਦੇ ਹੋਏ ਕਿਹਾ ਕਿ ਮਨੁੱਖੀ ਅਧਿਕਾਰਾਂ ਬਿਨਾਂ ਅਸੀਂ ਆਪਣੀ ਜਿੰਦਗੀ ਦੇ ਕਿਸੇ ਵੀ ਖੇਤਰ ਵਿਚ ਅੱਗੇ ਨਹੀਂ ਵਧ ਸਕਦੇ। ਯੂ. ਐਨ. ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਉਨਾਂ ਨੇ ਯੂ. ਐੱਨ. ਵੱਲੋਂ ਅੰਤਰ-ਰਾਸ਼ਟਰੀ ਪੱਧਰ 'ਤੇ ਕੀਤੇ ਉਪਰਾਲਿਆਂ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਭਾਰਤੀ ਸੰਵਿਧਾਨ ਦੀ ਗੱਲ ਕਰਦੇ ਹੋਏ ਡਾ. ਭੀਮ ਰਾਓ ਅੰਬੇਦਕਰ ਵੱਲੋਂ ਸੰਵਿਧਾਨ ਵਿਚ ਪਾਏ ਉਹਨਾਂ ਦੇ ਯੋਗਦਾਨ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ। ਭਾਰਤੀ ਸੰਵਿਧਾਨ ਵਿਚ ਅੰਕਿਤ ਮੌਲਿਕ ਅਧਿਕਾਰਾਂ ਬਾਰੇ ਉਹਨਾਂ ਨੇ ਜਿੱਥੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਨਾਲ ਹੀ ਅਸੀਂ ਆਪਣੇ ਅਧਿਕਾਰਾਂ ਦੀ ਸੁਰੱਖਿਆ ਕਿਵੇਂ ਕਰ ਸਕਦੇ ਹਾਂ,ਬਾਰੇ ਵੀ ਜਾਣਕਾਰੀ ਪ੍ਰਦਾਨ ਕੀਤੀ। ਮੁੱਖ ਮਹਿਮਾਨ ਡਾ. ਬਲਜੀਤ ਸਿੰਘ ਸਿੱਧੂ ਨੇ ਵਿਦਿਆਰਥੀਆਂ ਨਾਲ ਆਪਣੀ ਜ਼ਿੰਦਗੀ ਦੇ ਤਜ਼ਰਬੇ ਸਾਂਝੇ ਕੀਤੇ।ਉਹਨਾਂ ਕਿਹਾ ਕਿ ਜਿੰਦਗੀ ਵਿਚ ਅੱਗੇ ਵਧਣ ਲਈ ਵਿਦਿਆਰਥੀਆਂ ਵਿਚ ਅਨੁਸ਼ਾਸ਼ਨ ਦਾ ਹੋਣਾ ਬਹੁਤ ਜਰੂਰੀ ਹੁੰਦਾ ਹੈ। ਮਨੁੱਖੀ ਅਧਿਕਾਰਾਂ ਬਾਰੇ ਗੱਲ ਕਰਦੇ ਹੋਏ ਡਾ. ਸਿੱਧੂ ਨੇ ਕਿਹਾ ਕਿ ਜਦੋਂ ਅਸੀਂ ਰਾਜ ਵੱਲੋਂ ਦਿੱਤੇ ਅਧਿਕਾਰਾਂ ਦਾ ਅਨੰਦ ਮਾਣਦੇ ਹਾਂ ਤਾਂ ਸਾਡੇ ਵੀ ਰਾਜ ਅਤੇ ਸਮਾਜ ਪ੍ਰਤੀ ਕੁਝ ਕਰਤੱਵ ਬਣਦੇ ਹਨ ਜਿਨਾਂ ਦੀ ਪਾਲਣਾ ਕੀਤੇ ਬਿਨਾਂ ਅਸੀਂ ਸਹੀ ਢੰਗ ਨਾਲ ਮਨੁੱਖੀ ਅਧਿਕਾਰਾਂ ਦਾ ਅਨੰਦ ਨਹੀਂ ਮਾਣ ਸਕਦੇ। ਸਮਾਗਮ ਦੇ ਅੰਤ ਵਿਚ ਐਡਵੋਕੇਟ ਸਿੱਧੂ ਨੇ ਵਿਦਿਆਰਥੀਆਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਦਿੱਤੇ। ਸੈੱਲ ਦੇ ਕਨਵੀਨਰ ਡਾ. ਇੰਦਰਜੀਤ ਸਿੰਘ ਮੁਖੀ ਰਾਜਨੀਤੀ ਸ਼ਾਸ਼ਤਰ ਵਿਭਾਗ ਨੇ ਆਏ ਮਹਿਮਾਨਾਂ ਨੂੰ ਸਨਮਾਨਿਤ ਕਰਦੇ ਹੋਏ ਸੰਸਥਾ ਵਿਚ ਆਉਣ ਅਤੇ ਵਿਦਿਆਰਥੀਆਂ ਨਾਲ ਆਪਣੇ ਵਡਮੁੱਲੇ ਵਿਚਾਰ ਸਾਂਝੇ ਕਰਨ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਪ੍ਰੋਫੈਸਰ ਰਮਨਦੀਪ ਸਿੰਘ, ਪ੍ਰੋ. ਰਮਨਦੀਪ ਕੌਰ, ਪ੍ਰੋਫੈਸਰ ਗੁਰਜੀਤ ਕੌਰ, ਪ੍ਰੋਫੈਸਰ ਗੁਰਪ੍ਰੀਤ ਕੌਰ ਅਤੇ ਪ੍ਰੋਫੈਸਰ ਅਮਨਦੀਪ ਕੌਰ ਹਾਜਰ ਸਨ।



**Activity – 2: An awareness drive**

**Description:**

An awareness drive was held by the cell to aware the people inside and outside the campus about their rights in the society on 22/04/2022. This awareness drive had a great impact on the students in the campus as well as people outside the college.






**Activity – 3 : Poster making competition**

**Description:**

A Poster making competition was held by the human rights cell inside the campus on legal awareness among the students on 02/05/2022. Students from various departments participated actively in the following activity.



